Vigilance Bureau Punjab

**VIGILANCE NABS ASI FOR TAKING BRIBE**

Chandigarh, April 5: State Vigilance Bureau, today nabbed ASI Balwinder Singh red handed while accepting bribe of Rs 10,000.

Disclosing this here an official spokesperson of the Vigilance Bureau said ASI Balwinder Singh posted at Police Station Mamdot, Ferozepur was nabbed red handed on the complaint of Kirpal Singh of village Lakha Singh Wala in Ferozepur district. The Complainant has approached the VB and alleged that the accused ASI was demanding Rs 10,000 to favour his family members in a case registered at the police station.

After verifying his information, the Vigilance team laid a trap and the accused ASI was arrested on the spot taking bribe of Rs. 10,000 from the complainant in the presence of two official witnesses. He informed that a case under Prevention of Corruption Act has been registered against him at VB police station Ferozepur and further investigation was under progress.

---------

**ਵਿਜੀਲੈਂਸ ਬਿਓਰੋ ਪੰਜਾਬ**

**ਵਿਜੀਲੈਂਸ ਨੇ ਰਿਸ਼ਵਤ ਲੈਂਦਾ ਏ.ਐਸ.ਆਈ ਰੰਗੇ ਹੱਥੀਂ ਦਬੋਚਿਆ**

ਚੰਡੀਗੜ੍ਹ, 5 ਅਪ੍ਰੈਲ : ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਥਾਣਾ ਮਮਦੋਟ, ਫਿਰੋਜਪੁਰ ਵਿਖੇ ਤਾਇਨਾਤ ਏ.ਐਸ.ਆਈ. ਬਲਵਿੰਦਰ ਸਿੰਘ ਨੂੰ 10,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਏ.ਐਸ.ਆਈ ਨੂੰ ਸ਼ਿਕਾਇਤਕਰਤਾ ਕ੍ਰਿਪਾਲ ਸਿੰਘ ਵਾਸੀ ਪਿੰਡ ਲੱਖਾ ਸਿੰਘ ਵਾਲਾ, ਜ਼ਿਲ੍ਹਾ ਫਿਰੋਜਪੁਰ ਦੀ ਸ਼ਿਕਾਇਤ 'ਤੇ ਫੜਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਕਤ ਏ.ਐਸ.ਆਈ ਵਲੋਂ ਉਸ ਦੇ ਪਰਿਵਾਰਕ ਮੈਂਬਰਾਂ ਨੂੰ ਦਰਜ ਕੀਤੇ ਮੁਕੱਦਮੇ ਵਿਚ ਗ੍ਰਿਫਤਾਰ ਨਾ ਕਰਨ ਅਤੇ ਜਮਾਨਤ ਲੈਣ ਵਿਚ ਮਦਦ ਕਰਨ ਬਦਲੇ 10,000 ਰੁਪਏ ਦੀ ਮੰਗ ਕੀਤੀ ਗਈ ਹੈ।

ਵਿਜੀਲੈਂਸ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਏ.ਐਸ.ਆਈ. ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 10,000 ਰੁਪਏ ਦੀ ਰਿਸ਼ਵਤ ਲੈਂਦਿਆਂ ਮੌਕੇ 'ਤੇ ਹੀ ਦਬੋਚ ਲਿਆ। ਉਨਾਂ ਦੱਸਿਆ ਕਿ ਦੋਸ਼ੀ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਫਿਰੋਜਪੁਰ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।